Punjabi - Number 25c
September 2007

# ਹੈਪਾਟਾਈਟਿਸ ਬੀ ਇਨਫੈਂਟ ਵੈਕਸੀਨ
# Hepatitis B Infant Vaccine

**ਆਪਣੇ ਬੱਚੇ ਨੂੰ ਸੁਰੱਖਿਅਤ ਰੱਖੋ।**
**ਸਾਰੇ ਟੀਕੇ ਸਮੇਂ ਸਿਰ ਲਵਾਉ।**

ਸਾਰੇ ਟੀਕੇ ਸਮੇਂ ਸਿਰ ਲਵਾਉਣ ਨਾਲ ਤੁਹਾਡੇ ਬੱਚੇ ਦਾ ਉਮਰ ਭਰ ਲਈ ਕਈ ਬੀਮਾਰੀਆਂ ਤੋਂ ਬਚਾਅ ਕੀਤਾ ਜਾ ਸਕਦਾ ਹੈ।

ਇਮਿਊਨਾਇਜ਼ੇਸ਼ਨ ਨੇ ਪਿਛਲੇ 50 ਸਾਲਾਂ ਵਿਚ ਕੈਨੇਡਾ ਵਿਚ ਸਿਹਤ ਦੇ ਕਿਸੇ ਵੀ ਹੋਰ ਉਪਾਅ ਨਾਲੋਂ ਵਧੇਰੇ ਜਾਨਾਂ ਬਚਾਈਆਂ ਹਨ।

## ਹੈਪਾਟਾਈਟਿਸ ਬੀ ਵੈਕਸੀਨ ਕੀ ਹੈ?

ਹੈਪਾਟਾਈਟਿਸ ਬੀ ਵੈਕਸੀਨ ਹੈਪਾਟਾਈਟਿਸ ਬੀ ਵਾਇਰਸ ਤੋਂ ਬਚਾਅ ਕਰਦਾ ਹੈ। ਵੈਕਸੀਨ ਹੈਲਥ ਕੈਨੇਡਾ ਵੱਲੋਂ ਪ੍ਰਵਾਨਿਤ ਹੈ।

ਹੈਪਾਟਾਈਟਿਸ ਬੀ ਵੈਕਸੀਨ ਤੁਹਾਡੇ ਬੱਚੇ ਦੀ ਬਾਕਾਇਦਾ ਇਮਿਊਨਾਇਜ਼ੇਸ਼ਨ ਦੇ ਇਕ ਹਿੱਸੇ ਵਜੋਂ ਮੁਫਤ ਮੁਹੱਈਆ ਕੀਤਾ ਜਾਂਦਾ ਹੈ। ਐਪੁਆਇੰਟਮੈਂਟ ਬਣਾਉਂਣ ਵਾਸਤੇ ਆਪਣੇ ਸਥਾਨਕ ਪਬਲਿਕ ਹੈਲਥ ਨਰਸ ਜਾਂ ਡਾਕਟਰ ਨੂੰ ਫੋਨ ਕਰੋ।

## ਹੈਪਾਟਾਈਟਿਸ ਬੀ ਵੈਕਸੀਨ ਕਿਸ ਨੂੰ ਲਵਾਉਣਾ ਚਾਹੀਦਾ ਹੈ?

ਹੈਪਾਟਾਈਟਿਸ ਬੀ ਵੈਕਸੀਨ ਬੱਚਿਆਂ ਨੂੰ ਤਿੰਨ ਖੁਰਾਕਾਂ ਜਾਂ ਟੀਕਿਆਂ ਦੀ ਲੜੀ ਵਜੋਂ ਦਿੱਤਾ ਜਾਂਦਾ ਹੈ। ਪਹਿਲੀ ਖੁਰਾਕ 2 ਮਹੀਨਿਆਂ ਦੀ ਉਮਰ 'ਤੇ ਦਿੱਤੀ ਜਾਂਦੀ ਹੈ ਅਤੇ ਦੂਜੀ 4 ਮਹੀਨਿਆਂ ਦੀ ਉਮਰ 'ਤੇ ਅਤੇ ਤੀਜੀ 6 ਮਹੀਨਿਆਂ ਦੀ ਉਮਰ 'ਤੇ। ਵੈਕਸੀਨ ਹੈਲਥ ਕੈਨੇਡਾ ਵੱਲੋਂ ਪ੍ਰਵਾਨਿਤ ਹੈ।

| ਹੈਪਾਟਾਈਟਿਸ ਬੀ ਵੈਕਸੀਨ | ਵੈਕਸੀਨੇਸ਼ਨ ਵੇਲੇ ਬੱਚੇ ਦੀ ਉਮਰ |
|---|---|
| ਪਹਿਲੀ ਖੁਰਾਕ | 2 ਮਹੀਨੇ |
| ਦੂਜੀ ਖੁਰਾਕ | 4 ਮਹੀਨੇ |
| ਤੀਜੀ ਖੁਰਾਕ | 6 ਮਹੀਨੇ |

ਬਾਲ, ਜਿਹੜੇ ਹੈਪਾਟਾਈਟਿਸ ਬੀ ਵਾਲੀ ਮਾਂ ਨੂੰ ਜਾਂ ਉਸ ਮਾਂ ਨੂੰ ਜੰਮੇ ਹੋਣ ਜਿਸਨੂੰ ਨੂੰ ਇਨਫੈਕਸ਼ਨ ਹੋਣ ਦਾ ਜ਼ਿਆਦਾ ਖਤਰਾ ਹੋਵੇ (ਨਾੜੀ 'ਚ ਟੀਕਾ ਲਾ ਕੇ ਡਰੱਗ ਦੀ ਵਰਤੋਂ ਜਾਂ ਸੈਕਸ ਵਪਾਰ ਦਾ ਕੰਮ), ਜਾਂ ਬਾਲ ਜਿਸਦਾ ਘਰ 'ਚ ਹੋਰ ਅਜਿਹੇ ਵਿਅਕਤੀ ਨਾਲ ਸੰਪਰਕ ਹੁੰਦਾ ਹੋਵੇ, ਜਾਂ ਜਿਸ ਦੀ ਸਾਂਭ-ਸੰਭਾਲ ਕਰਨ ਵਾਲਾ ਹੈਪਾਟਾਈਟਿਸ ਬੀ ਦੀ ਇਨਫੈਕਸ਼ਨ ਵਾਲਾ ਕੋਈ ਜਣਾ ਹੋਵੇ, ਨੂੰ ਜਨਮ ਤੋਂ ਹੀ ਵੈਕਸੀਨ ਦੀ ਲੜੀ ਸ਼ੁਰੂ ਕਰ ਦੇਣੀ ਚਾਹੀਦੀ ਹੈ। ਇਨ੍ਹਾਂ ਬੱਚਿਆਂ ਦਾ ਤੀਜੀ ਖੁਰਾਕ ਤੋਂ ਬਾਦ ਇਹ ਯਕੀਨੀ ਬਣਾਉਂਣ ਲਈ ਟੈਸਟ ਹੋਣਾ ਚਾਹੀਦਾ ਹੈ ਕਿ ਵੈਕਸੀਨ ਨਾਲ ਉਨ੍ਹਾਂ ਦਾ ਬਚਾਅ ਹੋ ਗਿਆ ਹੈ।

ਲਈਆਂ ਗਈਆਂ ਸਾਰੀਆਂ ਇਮਿਊਨਾਇਜ਼ੇਸ਼ਨਾਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

## ਹੈਪਾਟਾਈਟਿਸ ਬੀ ਵੈਕਸੀਨ ਦੇ ਫਾਇਦੇ

ਹੈਪਾਟਾਈਟਿਸ ਬੀ ਵੈਕਸੀਨ ਤੁਹਾਡੇ ਬੱਚੇ ਦੇ ਹੈਪਾਟਾਈਟਿਸ ਬੀ ਅਤੇ ਇਸਦੀਆਂ ਜਟਿਲਤਾਵਾਂ, ਸਮੇਤ ਜਿਗਰ ਦੇ ਸਥਾਈ ਨੁਕਸਾਨ ਜੋ ਜਿਗਰ ਦੇ ਕੈਂਸਰ ਅਤੇ ਮੌਤ ਤੱਕ ਪੁੱਜ ਸਕਦਾ ਹੈ, ਤੋਂ ਬਚਾਅ ਦਾ ਸਭ ਤੋਂ ਉੱਤਮ ਤਰੀਕਾ ਹੈ।

ਜਦੋਂ ਤੁਸੀਂ ਆਪਣੇ ਬੱਚੇ ਨੂੰ ਵੈਕਸੀਨ ਲਵਾ ਲੈਂਦੇ ਹੋ ਤਾਂ ਤੁਸੀਂ ਨਾਲ ਹੀ ਦੂਜਿਆਂ ਦੇ ਬਚਾਅ ਵਿਚ ਮਦਦ ਕਰਦੇ ਹੋ।

## ਵੈਕਸੀਨ ਤੋਂ ਮਗਰੋਂ ਦੇ ਸੰਭਵ ਰੀਐਕਸ਼ਨ

ਵੈਕਸੀਨ ਬਹੁਤ ਸੁਰੱਖਿਅਤ ਹਨ। ਹੈਪਾਟਾਈਟਿਸ ਬੀ ਹੋ ਲੈਣ ਦੇਣ ਨਾਲੋਂ ਇਸਦਾ ਵੈਕਸੀਨ ਲਵਾ ਲੈਣਾ ਕਿਤੇ ਵਧੇਰੇ ਸੁਰੱਖਿਅਤ ਗੱਲ ਹੈ।

ਵੈਕਸੀਨ ਦੇ ਆਮ ਰੀਐਕਸ਼ਨਾਂ 'ਚ ਸ਼ਾਮਲ ਹੋ ਸਕਦਾ ਹੈ, ਜਿਸ ਥਾਂ ਲੋਦਾ ਲੱਗਿਆ ਹੋਵੇ ਉਥੋਂ ਦੁੱਖਣਾ, ਲਾਲ ਹੋਣਾ ਅਤੇ ਸੋਜ ਪੈਣਾ।

Acetaminophen ਜਾਂ Tylenol® ਬੁਖਾਰ ਲਈ ਅਤੇ ਦੁਖਣ ਤੋਂ ਦਿੱਤੀ ਜਾ ਸਕਦੀ ਹੈ। ASA ਜਾਂ Aspirin® ਰੇ ਸਿੰਡਰੋਮ ਦੇ ਖਤਰੇ ਕਾਰਨ 20 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

ਕੋਈ ਵੀ ਵੈਕਸੀਨ ਲੈਣ ਤੋਂ ਮਗਰੋਂ 15 ਮਿੰਟ ਕਲੀਨਿਕ ਵਿਚ ਰੁਕਣਾ ਮਹੱਤਵਪੂਰਨ ਹੈ ਕਿਉਂਕਿ ਭਾਵੇਂ ਬੇਹੱਦ ਹੀ ਘੱਟ, ਇਕ ਜਾਨ ਦੇ ਖਤਰੇ ਵਾਲੀ ਐਲਰਜੀ ਰੀਐਕਸ਼ਨ ਦੀ ਸੰਭਾਵਨਾ ਹੁੰਦੀ ਹੈ, ਜਿਸਨੂੰ ਐਨਾਫਾਇਲੈਕਸਿਸ ਕਿਹਾ ਜਾਂਦਾ ਹੈ। ਇਸ ਨਾਲ ਛਪਾਕੀ, ਸਾਹ ਲੈਣ ਵਿਚ ਤਕਲੀਫ ਜਾਂ ਗਲੇ, ਜੀਭ ਜਾਂ ਬੁੱਲ੍ਹਾਂ ਦੀ ਸੋਜ ਹੋ ਸਕਦੀ ਹੈ। ਜੇਕਰ ਇੰਜ ਤੁਹਾਡੇ ਕਲੀਨਿਕ ਵਿਚੋਂ ਨਿਕਲ ਆਉਂਣ ਤੋਂ ਮਗਰੋਂ ਹੁੰਦਾ ਹੈ ਤਾਂ 911 ਜਾਂ ਸਥਾਨਕ ਐਮਰਜੈਂਸੀ ਨੰਬਰ 'ਤੇ ਫੋਨ ਕਰੋ। ਇਸ ਰੀਐਕਸ਼ਨ ਦਾ ਇਲਾਜ ਹੋ ਸਕਦਾ ਹੈ ਅਤੇ ਇਹ ਵੈਕਸੀਨ ਲੈਣ ਵਾਲੇ ਇਕ ਮਿਲੀਅਨ ਲੋਕਾਂ ਵਿਚੋਂ ਇਕ ਤੋਂ ਵੀ ਘੱਟ ਜਣੇ ਨੂੰ ਹੁੰਦਾ ਹੈ।

**ਗੰਭੀਰ ਜਾਂ ਅਚਨਚੇਤ ਰੀਐਕਸ਼ਨਾਂ ਦੀ ਰਿਪੋਰਟ ਆਪਣੇ ਪਬਲਿਕ ਹੈਲਥ ਨਰਸ ਜਾਂ ਡਾਕਟਰ ਨੂੰ ਕਰੋ।**

## ਕਿਸ ਨੂੰ ਹੈਪਾਟਾਈਟਿਸ ਬੀ ਵੈਕਸੀਨ ਨਹੀਂ ਲਗਵਾਉਂਣਾ ਚਾਹੀਦਾ?

ਜੇਕਰ ਤੁਹਾਡੇ ਬੱਚੇ ਨੂੰ ਹੈਪਾਟਾਈਟਿਸ ਬੀ ਵੈਕਸੀਨ ਜਾਂ ਵੈਕਸੀਨ ਵਿਚਲੀ ਕਿਸੇ ਚੀਜ਼, ਸਮੇਤ ਯੀਸਟ ਜਾਂ ਕੱਚੀ ਰਬੜ, ਦੀ ਕਿਸੇ ਪਹਿਲਾਂ ਦਿੱਤੀ ਖੁਰਾਕ ਨਾਲ ਜਾਨ ਦੇ ਖਤਰੇ ਵਾਲਾ ਰੀਐਕਸ਼ਨ ਹੋਇਆ ਹੋਵੇ ਤਾਂ ਕਿਸੇ ਪਬਲਿਕ ਹੈਲਥ ਨਰਸ ਜਾਂ ਡਾਕਟਰ ਨਾਲ ਗੱਲ ਕਰੋ।

## ਹੈਪਾਟਾਈਟਿਸ ਬੀ ਕੀ ਹੈ?

ਹੈਪਾਟਾਈਟਿਸ ਬੀ ਇਕ ਵਾਇਰਸ ਹੈ ਜਿਹੜਾ ਜਿਗਰ 'ਤੇ ਹਮਲਾ ਕਰਦਾ ਹੈ। ਇਹ ਗੰਭੀਰ ਬੀਮਾਰੀ ਪੈਦਾ ਕਰ ਸਕਦਾ ਹੈ ਜਿਸ 'ਚ ਸ਼ਾਮਲ ਹੋ ਸਕਦਾ ਹੈ ਜਿਗਰ ਦਾ ਸਥਾਈ ਨੁਕਸਾਨ (ਸਾਈਰੋਸਿਸ)। ਹੈਪਾਟਾਈਟਿਸ ਬੀ ਜਿਗਰ ਦੀ ਕੈਂਸਰ ਦਾ ਵੀ ਮੁੱਖ ਕਾਰਨ ਹੈ, ਜਿਹੜੀ ਜਾਨਲੇਵਾ ਹੋ ਸਕਦੀ ਹੈ।

ਹੈਪਾਟਾਈਟਿਸ ਬੀ ਇਕ ਵਿਅਕਤੀ ਤੋਂ ਦੂਜੇ ਵਿਅਕਤੀ ਤੱਕ ਖੂਨ ਜਾਂ ਸਰੀਰਕ ਦ੍ਰਵਾਂ ਦੇ ਸੰਪਰਕ ਦੁਆਰਾ ਫੈਲਦਾ ਹੈ। ਮਾਵਾਂ, ਜਿਹੜੀਆਂ ਨੂੰ ਹੈਪਾਟਾਈਟਿਸ ਬੀ ਵਾਇਰਸ ਦੀ ਇਨਫੈਕਸ਼ਨ ਹੋਵੇ, ਜਨਮ ਦੇਣ ਦੌਰਾਨ ਵਾਇਰਸ ਆਪਣੇ ਨਵ-ਜਨਮੇਂ ਬਾਲਾਂ ਤੱਕ ਪੁਚਾ ਸਕਦੀਆਂ ਹਨ।

ਜਦੋਂ ਛੋਟੇ ਬੱਚਿਆਂ ਨੂੰ ਹੈਪਾਟਾਈਟਿਸ ਬੀ ਦੀ ਇਨਫੈਕਸ਼ਨ ਹੋ ਜਾਵੇ ਤਾਂ ਉਨ੍ਹਾਂ 'ਚ ਅਕਸਰ ਕੋਈ ਰੋਗ-ਲੱਛਣ ਨਹੀਂ ਉਭਰਦੇ ਪ੍ਰੰਤੂ ਬਹੁਤਿਆਂ ਨੂੰ ਸਾਰੀ ਉਮਰ ਇਨਫੈਕਸ਼ਨ ਹੋਈ ਰਹੇਗੀ। ਇਸੇ ਕਾਰਨ ਹੀ ਵੈਕਸੀਨ ਦੁਆਰਾ ਛੋਟੀ ਉਮਰ 'ਚ ਹੀ ਬਚਾਅ ਕਰਨਾਂ ਮਹੱਤਵਪੂਰਨ ਹੈ।

ਬੀ.ਸੀ. ਹੈਲਥਫਾਈਲ ਦੇ ਹੋਰ ਵਿਸ਼ਿਆਂ ਬਾਰੇ ਜਾਣਨ ਲਈ www.HealthLinkBC.ca/healthfiles/index.stm ਵੇਖੋ ਜਾਂ ਆਪਣੀ ਸਥਾਨਕ ਜਨਤਕ ਸਿਹਤ ਯੂਨਿਟ ਵਿਖੇ ਜਾਓ।

ਗੈਰ-ਹੰਗਾਮੀ ਸਿਹਤ ਜਾਣਕਾਰੀ ਅਤੇ ਬੀ.ਸੀ. ਵਿਚਲੀਆਂ ਸੇਵਾਵਾਂ ਲਈ www.HealthLinkBC.ca 'ਤੇ ਕਲਿੱਕ ਕਰੋ ਜਾਂ **8-1-1** 'ਤੇ ਫੋਨ ਕਰੋ।

ਬੋਲ਼ੇ ਅਤੇ ਉੱਚਾ ਸੁਣਨ ਵਾਲ਼ੇ ਮਦਦ ਲਈ ਬੀ.ਸੀ. ਵਿੱਚ 7-1-1 'ਤੇ ਫੋਨ ਕਰ ਸਕਦੇ ਹਨ।

ਮੰਗੇ ਜਾਣ 'ਤੇ 130 ਤੋਂ ਵੱਧ ਬੋਲੀਆਂ ਵਿੱਚ ਅਨੁਵਾਦ ਦੀਆਂ ਸੇਵਾਵਾਂ ਉਪਲਬਧ ਹਨ।

British Columbia The Best Place on Earth | ImmunizeBC | BC Centre for Disease Control
AN AGENCY OF THE PROVINCIAL HEALTH SERVICES AUTHORITY